# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :11-02-2026**

ਕੇਂਦਰੀ ਖਣਨ ਮੰਤਰਾਲੇ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਚਵਾੜਿਆਂਵਾਲੀ ਖੇਤਰ ਵਿੱਚ ਪੋਟਾਸ਼ ਲਈ ਇੱਕ ਨਵੇਂ ਖੋਜ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਏ। ਇਹ ਫੈਸਲਾ ਮੰਤਰਾਲੇ ਦੇ ਰਾਸ਼ਟਰੀ ਖਣਿਜ ਖੋਜ ਅਤੇ ਵਿਕਾਸ ਟਰੱਸਟ ਦੀ ਪ੍ਰੋਜੈਕਟ ਮਨਜ਼ੂਰੀ ਕਮੇਟੀ ਨੇ ਬੀਤੇ ਸੋਮਵਾਰ ਆਪਣੀ ਮੀਟਿੰਗ ਦੌਰਾਨ ਲਿਆ। ਪੋਟਾਸ਼ ਲਈ ਖੋਜ ਸਰਵੇਖਣ ਜੀ-4' ਸਿਰਲੇਖ ਵਾਲਾ ਇਹ ਪ੍ਰੋਜੈਕਟ 1903 ਲੱਖ 11 ਹਜ਼ਾਰ ਰੁਪਏ ਦੇ ਮਨਜ਼ੂਰਸ਼ੁਦਾ ਖਰਚੇ ਨਾਲ 48.0 ਵਰਗ ਕਿਲੋਮੀਟਰ ਦੇ ਖੇਤਰ ਵਿੱਚ ਕੀਤਾ ਜਾਵੇਗਾ। ਇਸ ਪ੍ਰੋਜੈਕਟ ਦੀ ਮੁਕੰਮਲ ਹੋਣ ਦੀ ਮਿਆਦ 21 ਮਹੀਨੇ ਏ। ਵੇਰਵੇ ਦਿੰਦੇ ਹੋਏ, ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦਸਿਆ ਕਿ ਕੇਂਦਰੀ ਏਜੰਸੀਆਂ ਨੂੰ ਪੰਜਾਬ ਵਿੱਚ ਪੋਟਾਸ਼ ਦੀ ਖੋਜ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ ਸੀ , ਇਸਦਾ ਸਿੱਧਾ ਸਬੰਧ ਰਾਸ਼ਟਰੀ ਖੁਰਾਕ ਸੁਰੱਖਿਆ ਅਤੇ ਕਿਸਾਨਾਂ ਦੀ ਭਲਾਈ ਨਾਲ ਏ।

ਉਨ੍ਹਾਂ ਕਿਹਾ ਕਿ ਪੋਟਾਸ਼ ਦੇਸ਼ ਲਈ ਬਹੁਤ ਮਹੱਤਵਪੂਰਨ ਅਤੇ ਲਾਹੇਵੰਦ ਏ ਕਿਉਂਕਿ ਇਸ ਦੀ ਲਗਭਗ 99 ਫ਼ੀਸਦੀ ਲੋੜ ਦਰਾਮਦ ਰਾਹੀਂ ਪੂਰੀ ਕੀਤੀ ਜਾਂਦੀ ਏ ਅਤੇ ਘਰੇਲੂ ਖੋਜ ਤੇ ਮਾਈਨਿੰਗ ਵਿੱਚ ਕਿਸੇ ਵੀ ਪ੍ਰਗਤੀ ਨਾਲ ਕੌਮੀ ਅਰਥਵਿਵਸਥਾ, ਖੇਤੀ ਖੇਤਰ ਅਤੇ ਲੰਬੇ ਸਮੇਂ ਦੇ ਆਤਮ - ਨਿਰਭਰਤਾ ਟੀਚਿਆਂ ਨੂੰ ਮਜ਼ਬੂਤੀ ਮਿਲੇਗੀ।

----------------------------------------------------------

ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੀ ਅਗਵਾਈ ਵਿਚ ਅੱਜ ਫਾਜ਼ਿਲਕਾ ਵਿੱਚ ‘ਨਸ਼ਿਆਂ ਵਿਰੁੱਧ ਪੈਦਲ ਯਾਤਰਾ’ ਕੱਢੀ ਜਾ ਰਹੀ ਏ । ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਰਾਜਪਾਲ ਨੇ ਜੱਟਵਾਲੀ ਮੁੜ ਵਸੇਬਾ ਕੇਂਦਰ ਦਾ ਦੌਰਾ ਕੀਤਾ । ਇਸ ਤੋਂ ਇਲਾਵਾ ਰਾਜਪਾਲ ਆਸਫ ਵਾਲਾ ਸ਼ਹੀਦੀ ਸਮਾਰਕ ਵਿਖੇ ਵੀ ਨਤਮਸਤਕ ਹੋਣਗੇ । ਇਸ ਮੌਕੇ ਉਨ੍ਹਾਂ ਵੱਲੋਂ ਸਰਹੱਦੀ ਜ਼ਿਲ੍ਹੇ ਦੀਆਂ ਪਿੰਡ ਸੁਰੱਖਿਆ ਕਮੇਟੀਆਂ ਨਾਲ ਮੀਟਿੰਗ ਵੀ ਕੀਤੀ ਜਾਵੇਗੀ ।

----------------------------------------------------------

ਪੰਜਾਬ ਅਤੇ ਹਰਿਆਣਾ ਦੋਵਾਂ ਥਾਵਾਂ 'ਤੇ ਹਜ਼ਾਰਾਂ ਕਿਸਾਨਾਂ ਨੇ ਅਜੇ ਵੀ ਆਪਣੇ ਆਧਾਰ ਕਾਰਡ ਆਪਣੇ ਬੈਂਕ ਖਾਤਿਆਂ ਨਾਲ ਨਹੀਂ ਜੋੜੇ , ਜਿਸ ਕਾਰਨ ਉਹ ਕੇਂਦਰ ਸਰਕਾਰ ਦੀ ਪ੍ਰਧਾਨ ਮੰਤਰੀ-ਕਿਸਾਨ ਯੋਜਨਾ ਦਾ

ਲਾਭ ਪ੍ਰਾਪਤ ਕਰਨ ਤੋਂ ਅਸਮਰੱਥ ਨੇ। ਇਸ ਯੋਜਨਾ ਦੇ ਤਹਿਤ, ਸਿੱਧੇ ਲਾਭ ਟ੍ਰਾਂਸਫਰ-DBT ਮਾਧਿਅਮ ਰਾਹੀਂ ਕਿਸਾਨਾਂ ਦੇ ਆਧਾਰ ਨਾਲ ਜੁੜੇ ਬੈਂਕ ਖਾਤਿਆਂ ਵਿੱਚ ਹਰ ਸਾਲ 6 ਹਜ਼ਾਰ ਰੁਪਏ ਦਾ ਵਿੱਤੀ ਲਾਭ ਤਿੰਨ ਬਰਾਬਰ ਕਿਸ਼ਤਾਂ ਵਿੱਚ ਟ੍ਰਾਂਸਫਰ ਕੀਤਾ ਜਾਂਦਾ ਏ। ਸਾਡੇ ਪੱਤਰਕਾਰ ਨੇ ਦਸਿਆ ਕਿ ਪੰਜਾਬ ਵਿੱਚ 61 ਹਜ਼ਾਰ ਤੋਂ ਵੱਧ ਕਿਸਾਨਾਂ ਅਤੇ ਹਰਿਆਣਾ ਵਿੱਚ ਲਗਭਗ ਇੰਨੀ ਹੀ ਗਿਣਤੀ ਵਿੱਚ ਕਿਸਾਨਾਂ ਨੇ ਵਿੱਤੀ ਲਾਭ ਪ੍ਰਾਪਤ ਕਰਨ ਲਈ ਅਜੇ ਤੱਕ ਆਪਣੇ ਆਧਾਰ ਨੰਬਰ ਬੈਂਕ ਖਾਤਿਆਂ ਨਾਲ ਨਹੀਂ ਜੋੜੇ । ਹੁਣ ਤੱਕ, ਭਾਰਤ ਸਰਕਾਰ ਨੇ ਪਾਰਦਰਸ਼ੀ ਢੰਗ ਨਾਲ 4 ਲੱਖ 9 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਵੰਡੀ ਏ। 2019 ਵਿੱਚ ਇਸ ਯੋਜਨਾ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਦੇਸ਼ ਭਰ ਦੇ ਯੋਗ ਕਿਸਾਨਾਂ ਨੂੰ 21 ਕਿਸ਼ਤਾਂ ਵਿੱਚ ਸਿੱਧੇ ਬੈਂਕ ਟ੍ਰਾਂਸਫਰ ਰਾਹੀਂ। ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ, ਰਾਮਨਾਥ ਠਾਕੁਰ ਨੇ ਕੱਲ੍ਹ ਲੋਕ ਸਭਾ ਵਿੱਚ ਇਹ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਮੰਤਰਾਲਾ ਨਿਯਮਿਤ ਤੌਰ 'ਤੇ ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ, ਕਾਮਨ ਸਰਵਿਸ ਸੈਂਟਰਾਂ , ਅਤੇ ਇੰਡੀਆ ਪੋਸਟ ਪੇਮੈਂਟਸ ਬੈਂਕ ਨਾਲ ਤਾਲਮੇਲ ਕਰਕੇ ਬੈਂਕ ਖਾਤਿਆਂ ਦੀ ਆਧਾਰ ਸੀਡਿੰਗ ਦੀ ਸਹੂਲਤ ਲਈ ਮੁਹਿੰਮ ਚਲਾਉਂਦਾ ਏ। ਕਿਸਾਨਾਂ ਨੂੰ PM-KISAN ਯੋਜਨਾ ਤਹਿਤ ਲਾਭ ਦੀ ਨਿਰਵਿਘਨ ਵੰਡ ਨੂੰ ਯਕੀਨੀ ਬਣਾਉਣ ਵਾਸਤੇ ਉਨ੍ਹਾਂ ਦੇ ਬੈਂਕ ਖਾਤਿਆਂ

ਦੀ ਆਧਾਰ ਸੀਡਿੰਗ ਯਕੀਨੀ ਬਣਾਉਣ ਲਈ SMS ਰਾਹੀਂ ਵੀ ਸੂਚਿਤ ਕੀਤਾ ਜਾਂਦਾ ਏ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬਾ ਵਾਸੀਆਂ ਨੂੰ ਸੂਬਾ ਸਰਕਾਰ ਵੱਲੋਂ ਹਰੇਕ ਪਰਿਵਾਰ ਲਈ ਸ਼ੁਰੂ ਕੀਤੀ 'ਮੁੱਖ ਮੰਤਰੀ ਸਿਹਤ ਯੋਜਨਾ' ਬਾਰੇ ਪੰਜਾਬ ਵਿਰੋਧੀ ਤਾਕਤਾਂ ਵਲੋਂ ਕੀਤੇ ਜਾ ਰਹੇ ਕੂੜ ਪ੍ਰਚਾਰ ਤੋਂ ਗੁੰਮਰਾਹ ਨਾ ਹੋਣ ਦੀ ਅਪੀਲ ਕੀਤੀ ਏ। ਇਕ ਵੀਡੀਓ ਸੰਦੇਸ਼ ਰਾਹੀਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਯੋਜਨਾ ਏ , ਜਿਸ ਦੇ ਤਹਿਤ ਪੰਜਾਬ ਦਾ ਹਰ ਪਰਿਵਾਰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਕਰਵਾਉਣ ਦਾ ਹੱਕਦਾਰ ਏ। ਸਾਰੇ ਸਰਕਾਰੀ ਕਰਮਚਾਰੀ, ਪੈਨਸ਼ਨਰ ਅਤੇ ਹੋਰ ਨਾਗਰਿਕ ਸਿਹਤ ਕਾਰਡ ਲਈ ਯੋਗ ਨੇ ਅਤੇ ਇਹ ਸਿਹਤ ਕਾਰਡ ਸੁਵਿਧਾ ਕੇਂਦਰਾਂ ਅਤੇ ਕਾਮਨ ਸਰਵਿਸ ਸੈਂਟਰਾਂ ਤੋਂ ਜਾਂ ਆਧਾਰ ਕਾਰਡ ਜਾਂ ਵੋਟਰ ਕਾਰਡ ਦੀ ਵਰਤੋਂ ਕਰਕੇ ਆਨਲਾਈਨ ਰਜਿਸਟ੍ਰੇਸ਼ਨ ਰਾਹੀਂ ਪ੍ਰਾਪਤ ਕੀਤਾ ਜਾ ਸਕਦਾ ਏ। ਮੁੱਖ ਮੰਤਰੀ ਨੇ ਗੁੰਮਰਾਹਕੁੰਨ ਜਾਣਕਾਰੀ ਫੈਲਾਉਣ ਵਿਰੁੱਧ ਚੇਤਾਵਨੀ ਦਿੰਦਿਆਂ ਕਿਹਾ ਕਿ ਕੁਝ ਪੰਜਾਬ ਵਿਰੋਧੀ ਤਾਕਤਾਂ, ਜੋ ਨਹੀਂ ਚਾਹੁੰਦੀਆਂ ਕਿ ਸੂਬੇ ਦੇ ਲੋਕਾਂ ਨੂੰ ਅਜਿਹੀਆਂ ਸਹੂਲਤਾਂ ਦਾ ਲਾਭ ਮਿਲੇ, ਜਾਣ-ਬੁੱਝ ਕੇ ਇਸ ਪ੍ਰਮੁੱਖ ਯੋਜਨਾ ਬਾਰੇ ਝੂਠ

ਫੈਲਾ ਰਹੀਆਂ ਹਨ। ਇਸ ਯੋਜਨਾ ਤਹਿਤ ਸਰਕਾਰ ਵੱਲੋਂ ਲਗਭਗ 2,600 ਬਿਮਾਰੀਆਂ ਅਤੇ ਇਲਾਜ ਸੇਵਾਵਾਂ ਲਈ ਦਰਾਂ ਨਿਰਧਾਰਤ ਕੀਤੀਆਂ ਗਈਆਂ ਨੇ | ਹਸਪਤਾਲਾਂ ਦੀ ਜਵਾਬਦੇਹੀ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਯੋਜਨਾ ਤਹਿਤ ਸੂਚੀਬੱਧ ਸਾਰੇ ਹਸਪਤਾਲ ਸਰਕਾਰ ਦੁਆਰਾ ਨਿਰਧਾਰਤ ਦਰਾਂ 'ਤੇ ਇਲਾਜ ਦੇਣ ਲਈ ਪਾਬੰਦ ਹਨ ਅਤੇ ਉਨ੍ਹਾਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ ਕਿ ਲਾਭਪਾਤਰੀਆਂ ਨੂੰ ਨਕਦੀ ਰਹਿਤ ਇਲਾਜ ਮਿਲੇ। ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਕੋਈ ਹਸਪਤਾਲ ਇਸ ਯੋਜਨਾ ਤਹਿਤ ਕਿਸੇ ਮਰੀਜ਼ ਤੋਂ ਪੈਸੇ ਦੀ ਮੰਗ ਕਰਦਾ ਏ ਤਾਂ ਤੁਰੰਤ ਸਰਕਾਰ ਕੋਲ ਸ਼ਿਕਾਇਤ ਦਰਜ ਕਰਵਾਈ ਜਾਵੇ। ਉਨ੍ਹਾਂ  ਕਿਹਾ ਕਿ ਸਰਕਾਰ ਅਜਿਹੇ ਗਲਤ ਕੰਮਾਂ ਵਿੱਚ ਸ਼ਾਮਲ ਪਾਏ ਜਾਣ ਵਾਲੇ ਕਿਸੇ ਵੀ ਹਸਪਤਾਲ ਵਿਰੁੱਧ ਸਖ਼ਤ, ਦੰਡਕਾਰੀ ਅਤੇ ਮਿਸਾਲੀ ਕਾਰਵਾਈ ਕਰੇਗੀ।

---------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਪੰਜ ਆਧੁਨਿਕ ਪਿਸਤੌਲਾਂ ਸਮੇਤ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ-ਅਧਾਰਤ ਤਸਕਰਾਂ ਨਾਲ ਸਿੱਧੇ ਸੰਪਰਕ ਵਿੱਚ ਨੇ , ਜੋ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਸਰਹੱਦ

ਪਾਰ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਿੱਚ ਸਹਾਇਤਾ ਕਰਦੇ ਨੇ | ਇਨਾ ਖਿਲਾਫ ਅਸਲਾ ਐਕਟ ਤਹਿਤ ਇੱਕ ਮਾਮਲਾ ਦਰਜ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਗੈਰ-ਕਾਨੂੰਨੀ ਹਥਿਆਰਾਂ ਦੇ ਨੈੱਟਵਰਕ ਦੀ ਸਰਗਰਮੀ ਨਾਲ ਜਾਂਚ ਕੀਤੀ ਜਾ ਰਹੀ ਏ।

---------------------------------------------------

ਅੱਜ ਸਵੇਰੇ ਮੁਹਾਲੀ, ਖਰੜ, ਜ਼ੀਰਕਪੁਰ ਸਥਿਤ ਕਰੀਬ 16 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵਾਲੀ ਇਕ ਈ ਮੇਲ ਮਿਲਣ ਦੇ ਮੱਦੇਨਜ਼ਰ ਪੁਲਿਸ ਟੀਮਾਂ ਵਲੋਂ ਇਹਨਾਂ ਸਕੂਲਾਂ ਦੀ ਚੈਕਿੰਗ ਕੀਤੀ ਜਾ ਰਹੀ ਏ। ਮੁਹਾਲੀ 'ਚ ਬੰਬ ਸਕੂਐਡ ਨੂੰ ਅਲਰਟ ਤੇ ਰਖਿਆ ਹੋਇਆ ਏ। ਮੁਹਾਲੀ ਦੇ ਐਸ.ਐਸ.ਪੀ ਹਰਮਨਦੀਪ ਹਾਂਸ ਨੇ ਇਸ ਬਾਰੇ ਲਰਨਿੰਗ ਪਾਥ ਸਕੂਲ ਵਿਖੇ ਚੈਕਿੰਗ ਬਾਰੇ ਜਾਣਕਾਰੀ ਲਈ। ਉਨ੍ਹਾਂ ਦਸਿਆ ।

Byte

---------------------------------------------------

ਪੰਜਾਬ ਪੁਲਿਸ ਨੇ ਕੱਲ 'ਆਪ੍ਰੇਸ਼ਨ ਪ੍ਰਹਾਰ-2' ਦੇ ਦੂਜੇ ਦਿਨ ਲੋੜੀਂਦੇ ਅਪਰਾਧੀਆਂ ਨਾਲ ਸਬੰਧਤ 2 ਹਜ਼ਾਰ 706 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਆਪ੍ਰੇਸ਼ਨ ‘ਪ੍ਰਹਾਰ-2’ ਤਹਿਤ 2 ਹਜ਼ਾਰ ਤੋਂ ਵੱਧ ਪੁਲਿਸ ਟੀਮਾਂ ਨੇ ਪੰਜਾਬ ਭਰ ਵਿੱਚ ਲੋੜੀਂਦੇ ਅਪਰਾਧੀਆਂ ਨਾਲ

ਜੁੜੇ ਟਿਕਾਣਿਆਂ ’ਤੇ ਛਾਪੇਮਾਰੀ ਕੀਤੀ ਏ। ਕਾਰਵਾਈ ਦੌਰਾਨ 2 ਹਜ਼ਾਰ 596 ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ, ਜਿਨ੍ਹਾਂ ਵਿੱਚੋਂ 1,634 ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਗ੍ਰਿਫਤਾਰ ਕੀਤੇ ਵਿਅਕਤੀਆਂ ਵਿੱਚ 53 ਭਗੌੜੇ ਅਪਰਾਧੀ ਅਤੇ 534 ਰੋਕਥਾਮ ਹਿਰਾਸਤ ਵਿੱਚ ਲਏ ਵਿਅਕਤੀ ਸ਼ਾਮਲ ਨੇ। ਇਸ ਤੋਂ ਇਲਾਵਾ 1 ਹਜ਼ਾਰ 15 ਵਿਅਕਤੀਆਂ ਨੂੰ ਤਫ਼ਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਰਿਹਾਅ ਕਰ ਦਿੱਤਾ ਗਿਆ। ਲੋਕ ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ- 93946-93946 ਰਾਹੀਂ ਲੋੜੀਂਦੇ ਅਪਰਾਧੀਆਂ ਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਨੇ, ਉਨ੍ਹਾਂ ਦੀ ਪਛਾਣ ਗੁਪਤ ਰੱਖੀ ਜਾਵੇਗੀ ।

---------------------------------------------------